ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 28 ਨਵੰਬਰ 2026 ਦਿਨ ਸ਼ਨੀਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਪਟਿਆਲਾ ਵਿੱਚ ਏਅਰ ਰੇਡ ਬਲੈਕਆਊਟ ਮੌਕ ਡਰਿੱਲ ਕਰਵਾਈ ਗਈ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 28 ਨਵੰਬਰ : ਪਟਿਆਲਾ ਵਿਖੇ ਅੱਜ ਸਿਵਲ ਡਿਫੈਂਸ ਵਿਭਾਗ ਵੱਲੋਂ ਏਅਰ ਰੇਡ ਅਤੇ ਬਲੈਕਆਊਟ ਸਬੰਧੀ ਮੌਕ ਡਰਿੱਲ ਕਰਵਾਈ ਗਈ। ਪਟਿਆਲਾ ਜ਼ਿਲ੍ਹੇ ਵਿੱਚ ਇਹ ਅਭਿਆਸ ਸਿਵਲ ਡਿਫੈਂਸ ਦੀ ਤਿਆਰੀ, ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ ਅਤੇ ਐਮਰਜੈਂਸੀ ਹਾਲਾਤ ਦੌਰਾਨ ਕੀਤੀ ਜਾਣ ਵਾਲੀ ਕਾਰਵਾਈ ਦੀ ਜਾਂਚ ਕਰਨ ਦੇ ਉਦੇਸ਼ ਨਾਲ ਕਰਵਾਇਆ ਗਿਆ। ਇਹ ਮੌਕ ਡਰਿੱਲ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਦੀ ਅਗਵਾਈ ਹੇਠ ਸਿਵਲ ਡਿਫੈਂਸ ਦੇ ਐਡੀਸ਼ਨਲ ਕੰਟਰੋਲਰ ਸ੍ਰੀ ਗਗਨਪ੍ਰੀਤ ਸਿੰਘ ਢਿੱਲੋਂ, ਨੋਡਲ ਅਫ਼ਸਰ ਸ੍ਰੀ ਮੋਹਨਦੀਪ ਸਿੰਘ ਅਤੇ ਚੀਫ਼ ਵਾਰਡਨ ਸਿਵਲ ਡਿਫੈਂਸ ਸ੍ਰੀ ਕੇ.ਐਸ. ਸੇਖੋਂ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਡੀ.ਸੀ.ਡਬਲਯੂ. ਪੁਲ ਦੇ ਹੇਠਾਂ ਕਰਵਾਈ ਗਈ।



ਮੌਕ ਡਰਿੱਲ ਦੀ ਸ਼ੁਰੂਆਤ ਸਾਇਰਨ ਵਜਾਉਣ ਨਾਲ ਹੋਈ, ਜਿਸ ਤੋਂ ਬਾਅਦ ਬਿਜਲੀ ਵਿਭਾਗ ਵੱਲੋਂ ਤੁਰੰਤ ਨਿਰਧਾਰਤ ਇਲਾਕੇ ਦੀ ਬਿਜਲੀ ਸਪਲਾਈ ਬੰਦ ਕਰਕੇ ਬਲੈਕਆਊਟ ਕੀਤਾ ਗਿਆ। ਕਰੀਬ 10 ਮਿੰਟ ਦੇ ਬਲੈਕਆਊਟ ਤੋਂ ਬਾਅਦ ਮੌਕ ਡਰਿੱਲ ਵਾਲੀ ਥਾਂ 'ਤੇ ਸੰਭਾਵੀ ਆਫ਼ਤ ਦੌਰਾਨ ਕੀਤੀਆਂ ਜਾਣ ਵਾਲੀਆਂ ਵੱਖ-ਵੱਖ ਕਾਰਵਾਈਆਂ ਦਾ ਅਭਿਆਸ ਕੀਤਾ ਗਿਆ।

ਇਸ ਦੌਰਾਨ ਅੱਗ ਬੁਝਾਉਣ, ਖੋਜ ਅਤੇ ਬਚਾਅ ਕਾਰਜ, ਮੁੱਢਲੀ ਸਹਾਇਤਾ, ਮੈਡੀਕਲ ਸਹਾਇਤਾ, ਜ਼ਖ਼ਮੀਆਂ ਨੂੰ ਸੁਰੱਖਿਅਤ ਬਾਹਰ ਕੱਢਣ, ਟ੍ਰੈਫਿਕ ਅਤੇ ਭੀੜ ਨੂੰ ਨਿਯੰਤਰਿਤ ਕਰਨ ਸਮੇਤ ਹੋਰ ਐਮਰਜੈਂਸੀ ਪ੍ਰਬੰਧਾਂ ਦਾ ਅਭਿਆਸ ਕੀਤਾ ਗਿਆ। ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਨੇ ਆਪਸੀ ਤਾਲਮੇਲ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਦੀ ਕਾਰਜਪ੍ਰਣਾਲੀ ਦਾ ਪ੍ਰਦਰਸ਼ਨ ਕੀਤਾ।

ਜ਼ਖ਼ਮੀਆਂ ਨੂੰ ਤੁਰੰਤ ਇਲਾਜ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਸਿਵਲ ਸਰਜਨ ਪਟਿਆਲਾ ਵੱਲੋਂ ਸਰਕਾਰੀ ਮਾਤਾ ਕੌਸ਼ੱਲਿਆ ਹਸਪਤਾਲ, ਪਟਿਆਲਾ ਵਿਖੇ ਆਰਜ਼ੀ ਵਾਰਡ ਵੀ ਤਿਆਰ ਕੀਤਾ ਗਿਆ। ਇਸ ਕਾਰਵਾਈ ਦੌਰਾਨ ਰੈਂਡ ਕਰਾਸ ਅਤੇ 108 ਐਂਬੂਲੈਂਸ ਸੇਵਾ ਦੀ ਵੀ ਵਰਤੋਂ ਕੀਤੀ ਗਈ, ਤਾਂ ਜੋ ਜ਼ਖ਼ਮੀਆਂ ਨੂੰ ਤੁਰੰਤ ਮੈਡੀਕਲ ਸਹਾਇਤਾ ਦੇਣ ਅਤੇ ਹਸਪਤਾਲ ਤੱਕ ਪਹੁੰਚਾਉਣ ਦੀ ਪ੍ਰਕਿਰਿਆ ਦਾ ਅਭਿਆਸ ਕੀਤਾ ਜਾ ਸਕੇ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਪੂਰੀ ਮੌਕ ਡਰਿੱਲ ਦੌਰਾਨ ਆਮ ਲੋਕਾਂ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਵਿੱਖ ਵਿੱਚ ਪੈਦਾ ਹੋਣ ਵਾਲੀਆਂ ਸੰਭਾਵੀ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਖੁਦ ਨੂੰ ਤਿਆਰ ਰੱਖਣ ਅਤੇ ਸਿਵਲ ਡਿਫੈਂਸ ਦੀਆਂ ਗਤੀਵਿਧੀਆਂ ਵਿੱਚ ਸ਼ਮੂਲੀਅਤ ਕਰਕੇ ਐਮਰਜੈਂਸੀ ਦੌਰਾਨ ਆਪਣੀ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਦੀ ਜਾਨ ਦੀ ਰੱਖਿਆ ਕਰਨ ਸਬੰਧੀ ਜ਼ਰੂਰੀ ਜਾਣਕਾਰੀ ਅਤੇ ਸਿਖਲਾਈ ਹਾਸਲ ਕਰਨ।

ਇਸ ਅਭਿਆਸ ਵਿੱਚ ਸਿਵਲ ਡਿਫੈਂਸ, ਫਾਇਰ ਬ੍ਰਿਗੇਡ, ਸਿਹਤ ਵਿਭਾਗ, ਰੈਂਡ ਕਰਾਸ, ਡੀ.ਸੀ.ਡਬਲਯੂ., ਐਨ.ਸੀ.ਸੀ., ਐਨ.ਐਸ.ਐਸ., ਪੀ.ਐਸ.ਪੀ.ਸੀ.ਐਲ. ਅਤੇ ਪੰਜਾਬ ਪੁਲਿਸ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸ਼ਮੂਲੀਅਤ ਕੀਤੀ।

ਦਲਜੀਤ ਸਿੰਘ ਨੂੰ ਸ਼੍ਰੀਨਗਰ ਯੰਗ ਲੀਡਰ ਕਨਕਲੇਵ 'ਚ ਮਿਲੀ ਹਾਈ ਰਿਕਮੈਂਡੇਸ਼ਨ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਫਰੀਦਕੋਟ, 28 ਨਵੰਬਰ : ਸਥਾਨਕ ਬਾਬਾ ਫਰੀਦ ਲਾਅ ਕਾਲਜ ਵੱਲੋਂ ਮਾਨਯੋਗ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਜੀ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਅਤੇ ਮੈਨੇਜਿੰਗ ਕਮੇਟੀ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀ ਦਲਜੀਤ ਸਿੰਘ ਨੇ ਜੰਮੂ-ਕਸ਼ਮੀਰ ਦੇ ਸ੍ਰੀਨਗਰ ਵਿਖੇ ਕਰਵਾਏ ਗਏ Young Leader 3onclave 2026 ਵਿੱਚ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਹਾਈ ਰਿਕਮੈਂਡੇਸ਼ਨ ਪ੍ਰਾਪਤ ਕੀਤੀ। ਇਸ ਰਾਸ਼ਟਰੀ ਪੱਧਰ ਦੇ ਯੁਵਾ ਸੰਮੇਲਨ ਵਿੱਚ ਦੇਸ਼ ਦੇ 18 ਵੱਖ-ਵੱਖ ਰਾਜਾਂ ਦੇ ਨੌਜਵਾਨਾਂ ਨੇ ਭਾਗ ਲਿਆ। ਇਸ ਦੌਰਾਨ ਦਲਜੀਤ ਸਿੰਘ ਨੇ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਆਪਣੇ ਵਿਚਾਰਾਂ, ਲੀਡਰਸ਼ਿਪ ਅਤੇ ਸੰਸਦੀ ਹੁਨਰ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਵਿਦਿਆਰਥੀ ਦੇ ਕਾਲਜ ਵਿਖੇ ਪਹੁੰਚਣ 'ਤੇ ਪ੍ਰਿੰਸੀਪਲ ਪੰਕਜ ਕੁਮਾਰ ਗਰਗ ਨੇ ਵਿਦਿਆਰਥੀ ਨੂੰ ਸਨਮਾਨਿਤ ਕੀਤਾ। ਉਹਨਾਂ ਕਿਹਾ ਕਿ ਇਹ ਵਿਦਿਆਰਥੀ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਡਾ. ਨਵਜੋਤ ਕੌਰ (ਇੰਚਾਰਜ ਅਕੈਡਮਿਕ), ਕਾਲਜ ਦੇ ਟੀਚਰਾਂ ਮਨਿੰਦਰ ਸਿੰਘ, ਡਾ. ਪਰਮਿੰਦਰ ਸਿੰਘ ਅਤੇ ਮਿਸ ਪਵਨਪ੍ਰੀਤ ਕੌਰ ਆਦਿ ਵੀ ਮੌਜੂਦ ਰਹੇ।

2 ਦਸੰਬਰ ਨੂੰ 267 ਆਮ ਆਦਮੀ ਕਲੀਨਿਕਾਂ ਦਾ ਕੀਤਾ ਜਾਵੇਗਾ ਲੋਕ ਅਰਪਣ

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

ਵਰਲਡ ਪੰਜਾਬੀ ਟਾਈਮਜ਼

ਸਮਾਣਾ/ ਪਟਿਆਲਾ, 28 ਨਵੰਬਰ:ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਅਨਾਜ ਮੰਡੀ ਸਮਾਣਾ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ 267 ਆਮ ਆਦਮੀ ਕਲੀਨਿਕਾਂ ਦਾ ਲੋਕ ਅਰਪਣ ਕੀਤਾ ਜਾਵੇਗਾ।



ਇਸ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਅਤੇ ਸਾਬਕਾ ਮੰਤਰੀ ਸ੍ਰ ਸੁਰਜੀਤ ਸਿੰਘ ਰੱਖੜਾ ਨੇ ਅਨਾਜ ਮੰਡੀ ਸਮਾਣਾ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਸਮਾਗਮ ਵਾਲੀ ਥਾਂ ' ਤੇ ਨਿਰੀਖਣ ਕਰਦਿਆਂ ਵੱਖ-ਵੱਖ ਵਿਭਾਗਾਂ ਨੂੰ ਆਦੇਸ਼ ਦਿੱਤੇ।

ਇਸ ਮੌਕੇ ਸਾਬਕਾ ਮੰਤਰੀ ਸ੍ਰ ਸੁਰਜੀਤ ਸਿੰਘ ਰੱਖੜਾ ਨੇ ਵੀ ਸਮਾਗਮ ਨੂੰ ਸੁਚਾਰੂ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ । ਇਸ ਦੇ ਨਾਲ ਹੀ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਦੀ ਸਹੂਲਤ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਨਿਭਾਈਆਂ ਜਾਣ ਵਾਲੀਆਂ ਜ਼ਿੰਮੇਵਾਰੀਆਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਪਾਰਕਿੰਗ ਅਤੇ ਖਾਣੇ ਦੇ ਪ੍ਰਬੰਧਾਂ ਤੋਂ ਲੈ ਕੇ ਹੋਰ ਸਾਰੇ ਪ੍ਰਬੰਧ ਦਾ ਵੀ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਅਤੇ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਸਮਾਗਮ ਨਾਲ ਸਬੰਧਤ ਵੱਖ-ਵੱਖ ਪ੍ਰਬੰਧਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਸਬੰਧਤ ਅਧਿਕਾਰੀਆਂ ਨਾਲ ਪ੍ਰਬੰਧਾਂ ਬਾਰੇ ਜਾਣਕਾਰੀ ਸਾਂਝੀ ਕੀਤੀ, ਤਾਂ ਜੋ ਰਾਜ ਪੱਧਰੀ ਸਮਾਗਮ ਨੂੰ ਸੁਚੱਜੇ ਢੰਗ ਨਾਲ ਕਰਵਾਇਆ ਜਾ ਸਕੇ।

ਇਸ ਮੌਕੇ ਐਸ.ਡੀ.ਐਮ. ਸਮਾਣਾ ਸ੍ਰੀ ਰਾਜਬੀਰ ਸਿੰਘ, ਐਸ.ਡੀ.ਐਮ. ਸ੍ਰੀਮਤੀ ਖੁਸ਼ਪ੍ਰੀਤ ਬਰਾੜ, ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਸ੍ਰੀ ਕਾਲਾ ਰਾਮ ਕਾਂਸਲ, ਐਸ.ਪੀ. ਸ੍ਰੀ ਰਾਜੇਸ਼ ਛਿੱਬਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਸਹਿਣਸ਼ੀਲਤਾ ਤੋਂ ਸਵੀਕਾਰਤਾ ਵੱਲ ਵਧਣਾ ਬਹੁਲਤਾਵਾਦੀ ਸਮਾਜ ਦੀ ਅਸਲ ਲੋੜ: ਡਾ. ਰਿਸ਼ੀ ਸਿੰਘ

ਭਾਰਤੀ ਕੌਂਸਲੇਟ ਵੈਨਕੂਵਰ ਵੱਲੋਂ ਹਿੰਦੂ ਹੈਰੀਟੇਜ ਮੰਥ ਨੂੰ ਸਮਰਪਿਤ ਬਹੁ-ਧਰਮੀ ਕਾਨਫਰੰਸ ਕਰਵਾਈ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ



ਵੈਨਕੂਵਰ, 28 ਨਵੰਬਰ : ਕੈਨੇਡਾ ਦੇ ਬਹੁ-ਸੱਭਿਆਚਾਰਕ ਸਮਾਜ ਵਿੱਚ ਆਪਸੀ ਸਦਭਾਵਨਾ, ਧਾਰਮਿਕ ਸਹਿਣਸ਼ੀਲਤਾ ਅਤੇ ਵੱਖ-ਵੱਖ ਭਾਈਚਾਰਿਆਂ ਵਿਚਕਾਰ ਸਵੀਕਾਰਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਭਾਰਤ ਦੇ ਕੌਂਸਲੇਟ ਜਨਰਲ ਵੈਨਕੂਵਰ ਵੱਲੋਂ ਹਿੰਦੂ ਹੈਰੀਟੇਜ ਮੰਥ ਨੂੰ ਸਮਰਪਿਤ ਇਕ ਬਹੁ-ਧਰਮੀ ਕਾਨਫਰੰਸ ਕਰਵਾਈ ਗਈ। 'ਸਹਿਣਸ਼ੀਲਤਾ ਤੋਂ ਸਵੀਕਾਰਤਾ ਵੱਲ' ਵਿਸ਼ੇ 'ਤੇ ਆਧਾਰਿਤ ਇਸ ਵਿਚਾਰ-ਚਰਚਾ ਵਿੱਚ ਵੱਖ-ਵੱਖ ਧਰਮਾਂ ਦੇ ਨੁਮਾਇੰਦਿਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਕਾਨਫਰੰਸ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਡਾ. ਰਿਸ਼ੀ ਸਿੰਘ ਨੇ ਕਿਹਾ ਕਿ ਅੱਜ ਦੇ ਆਪਸ ਵਿੱਚ ਜੁੜੇ ਹੋਏ, ਪਰ ਕਈ ਵਾਰ ਵੰਡੇ ਹੋਏ ਵਿਸ਼ਵ ਵਿੱਚ ਸਿਰਫ਼ ਧਾਰਮਿਕ ਸਹਿਣਸ਼ੀਲਤਾ ਹੀ ਕਾਫ਼ੀ ਨਹੀਂ, ਸਗੋਂ ਇਕ-ਦੂਜੇ ਦੇ ਵਿਸ਼ਵਾਸਾਂ, ਪਛਾਣਾਂ ਅਤੇ ਸੱਭਿਆਚਾਰਕ ਵਿਰਾਸਤ ਨੂੰ ਦਿਲੋਂ ਸਵੀਕਾਰ ਕਰਨਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਅਨੁਸਾਰ ਸਹਿਣਸ਼ੀਲਤਾ ਸਾਨੂੰ ਇਕੱਠੇ ਰਹਿਣ ਦੀ ਆਗਿਆ ਦਿੰਦੀ ਹੈ, ਸਵੀਕਾਰਤਾ ਸਾਨੂੰ ਵਿਭਿੰਨਤਾ ਨੂੰ ਅਪਣਾਉਣਾ ਸਿਖਾਉਂਦੀ ਹੈ ਅਤੇ ਆਪਸੀ ਸਹਿਯੋਗ ਸਮਾਜ ਨੂੰ ਬਿਹਤਰ ਬਣਾਉਣ ਦਾ ਰਾਹ ਖੋਲ੍ਹਦਾ ਹੈ।

ਡਾ. ਸਿੰਘ ਨੇ ਕਿਹਾ ਕਿ ਵੈਨਕੂਵਰ ਅਤੇ ਇਸ ਦੇ ਆਸ-ਪਾਸ ਦੇ ਖੇਤਰਾਂ ਵਿੱਚ ਭਾਰਤੀ ਭਾਈਚਾਰੇ, ਖ਼ਾਸ ਕਰਕੇ ਸਿੱਖ ਅਤੇ ਪੰਜਾਬੀ ਭਾਈਚਾਰੇ ਦਾ ਯੋਗਦਾਨ ਬੇਹੱਦ ਮਹੱਤਵਪੂਰਨ ਰਿਹਾ ਹੈ। ਇਸ ਦੇ ਨਾਲ ਹੀ ਭਾਰਤ ਦੀ ਵਿਸ਼ਾਲ ਸੱਭਿਅਤਾਈ ਵਿਰਾਸਤ, ਵੱਖ-ਵੱਖ ਧਰਮਾਂ, ਦਰਸ਼ਨ-ਪਰੰਪਰਾਵਾਂ ਅਤੇ ਅਧਿਆਤਮਿਕ ਵਿਚਾਰਧਾਰਾਵਾਂ ਨੂੰ ਵੀ ਵਿਆਪਕ ਪੱਧਰ 'ਤੇ ਸਮਝਣ ਅਤੇ ਸਾਂਝਾ ਕਰਨ ਦੀ ਲੋੜ ਹੈ। ਅਜਿਹੇ ਸਮਾਗਮ ਵੱਖ-ਵੱਖ ਭਾਈਚਾਰਿਆਂ ਨੂੰ ਇਕ-ਦੂਜੇ ਦੇ ਨੇੜੇ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਡਾ. ਰਿਸ਼ੀ ਸਿੰਘ ਨੇ ਨੌਜਵਾਨ ਪੀੜ੍ਹੀ ਲਈ ਅਜਿਹੀਆਂ ਵਿਚਾਰ-ਚਰਚਾਵਾਂ ਨੂੰ ਵਿਸ਼ੇਸ਼ ਮਹੱਤਵਪੂਰਨ ਦੱਸਦਿਆਂ ਕਿਹਾ ਕਿ ਬਹੁ-ਸੱਭਿਆਚਾਰਕ ਸਮਾਜ ਵਿੱਚ ਵੱਖ-ਵੱਖ ਧਰਮਾਂ, ਸੱਭਿਆਚਾਰਾਂ ਅਤੇ ਵਿਚਾਰਧਾਰਾਵਾਂ ਬਾਰੇ ਜਾਣਕਾਰੀ ਤੇ ਸਮਝ ਹੋਣੀ ਜ਼ਿੰਮੇਵਾਰ ਨਾਗਰਿਕਤਾ ਦਾ ਅਹਿਮ ਹਿੱਸਾ ਹੈ। ਅਜਿਹੇ ਉਪਰਾਲੇ ਭਾਰਤ ਦੀ ਅਮੀਰ ਅਧਿਆਤਮਿਕ ਅਤੇ ਦਾਰਸ਼ਨਿਕ ਵਿਰਾਸਤ ਨੂੰ ਪੂਰਵ-ਧਾਰਨਾਵਾਂ ਤੋਂ ਉੱਪਰ ਉੱਠ ਕੇ ਸਮਝਣ ਦਾ ਮੌਕਾ ਪ੍ਰਦਾਨ ਕਰਦੇ ਹਨ।

ਉਨ੍ਹਾਂ ਨੇ ਭਾਰਤ ਦੇ ਕੌਂਸਲ ਜਨਰਲ ਮਾਸਾਇਕੇ ਰੁੰਗਸੁੰਗ ਦੇ ਭਾਈਚਾਰਕ ਸੰਪਰਕਾਂ ਅਤੇ ਸੱਭਿਆਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸੀਨੀਅਰ ਨਾਗਰਿਕਾਂ ਦੇ ਲਾਈਫ ਸਰਟੀਫਿਕੇਟ ਸਬੰਧੀ ਕੰਮਾਂ ਵਿੱਚ ਸਹਾਇਤਾ ਵਰਗੇ ਵਿਹਾਰਕ ਉਪਰਾਲੇ ਕੂਟਨੀਤੀ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਅਤੇ ਲੋਕ-ਸੇਵਾ ਨਾਲ ਜੋੜਨ ਦੀ ਚੰਗੀ ਮਿਸਾਲ ਹਨ।

ਕਾਨਫਰੰਸ ਵਿੱਚ ਛੇ ਧਾਰਮਿਕ ਪਰੰਪਰਾਵਾਂ ਦੀ ਨੁਮਾਇੰਦਗੀ ਕਰਦਿਆਂ ਜਯਾ ਮਜ਼ੂਮਦਾਰ (ਹਿੰਦੂ), ਫੌਜ਼ੀਆ ਭਾਟੀਆ (ਇਸਮਾਈਲੀ), ਕਾਲਾ ਸਿੰਘ (ਸਿੱਖ), ਅਰਨੈਸਟ ਐਨ.ਜੀ. (ਬੁੱਧ ਧਰਮ), ਮੈਥਿਊ ਕੇਸ਼ੀ (ਈਸਾਈ) ਅਤੇ ਸਾਹਿਲ ਜੈਨ (ਜੈਨ ਧਰਮ) ਨੇ ਭਾਗ ਲਿਆ। ਵਿਚਾਰ-ਚਰਚਾ ਦਾ ਸੰਚਾਲਨ ਡਾ. ਰਿਸ਼ੀ ਸਿੰਘ ਨੇ ਕੀਤਾ।

ਬੁਲਾਰਿਆਂ ਨੇ ਆਪਣੇ-ਆਪਣੇ ਧਰਮਾਂ ਅਤੇ ਪਰੰਪਰਾਵਾਂ ਦੇ ਹਵਾਲੇ ਨਾਲ ਦਇਆ, ਨਿਮਰਤਾ, ਸੇਵਾ, ਸ਼ਾਂਤੀ, ਸਤਿਕਾਰ ਅਤੇ ਮਨੁੱਖੀ ਮਾਣ-ਮਰਿਆਦਾ ਵਰਗੀਆਂ ਸਾਂਝੀਆਂ ਕਦਰਾਂ-ਕੀਮਤਾਂ 'ਤੇ ਚਾਨਣਾ ਪਾਇਆ। ਉਨ੍ਹਾਂ ਦਾ ਮੰਨਣਾ ਸੀ ਕਿ ਧਰਮ ਜਦੋਂ ਮਨੁੱਖਤਾ ਦੀ ਭਾਵਨਾ ਨਾਲ ਜੁੜਦਾ ਹੈ ਤਾਂ ਉਹ ਵੰਡੀਆਂ ਪਾਉਣ ਦੀ ਬਜਾਏ ਲੋਕਾਂ ਨੂੰ ਜੋੜਨ ਵਾਲਾ ਪੁਲ ਬਣ ਜਾਂਦਾ ਹੈ।

ਪੀ.ਐਮ. ਸ੍ਰੀ ਸਰਕਾਰੀ ਹਾਈ ਸਕੂਲ ਕੋਟਕਪੂਰਾ ਵਿਖੇ ਦੋ ਰੋਜ਼ਾ ਵਿਸ਼ੇਸ਼ ਮਾਹਿਰ ਲੈਕਚਰ ਕਰਵਾਏ ਗਏ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ







ਕੋਟਕਪੂਰਾ, 28 ਨਵੰਬਰ : ਪੀ.ਐਮ. ਸ੍ਰੀ ਸਰਕਾਰੀ ਹਾਈ ਸਕੂਲ, ਕੋਟਕਪੂਰਾ ਵਿਖੇ ਹੈੱਡਮਾਸਟਰ ਸ੍ਰੀ ਮਨੀਸ਼ ਛਾਬੜਾ ਜੀ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਦੇ ਬੌਧਿਕ ਅਤੇ ਸਾਹਿਤਕ ਵਿਕਾਸ ਲਈ 27 ਅਤੇ 28 ਨਵੰਬਰ ਨੂੰ ਦੋ ਰੋਜ਼ਾ ਵਿਸ਼ੇਸ਼ ਮਾਹਿਰ ਲੈਕਚਰ ਕਰਵਾਏ ਗਏ। ਇਸ ਸਮਾਗਮ ਦੇ ਪਹਿਲੇ ਦਿਨ 27 ਨਵੰਬਰ ਨੂੰ ਜ਼ਿਲ੍ਹਾ ਭਾਸ਼ਾ ਅਫ਼ਸਰ ਸ੍ਰੀ ਮਨਜੀਤ ਪੁਰੀ ਜੀ ਨੇ ਮੁੱਖ ਮਹਿਮ

ਵਰਲਡ ਪੰਜਾਬੀ ਟਾਈਮਜ਼ 28 ਨਵੰਬਰ 2026 ਦਿਨ ਸ਼ਨੀਵਾਰ

ਸੁਖਬੀਰ ਬਾਦਲ ਨੇ ਆਪਣੇ ਪੈਰਾਂ 'ਤੇ ਕੁਹਾੜਾ ਮਾਰਿਆ

ਜਦੋਂ ਕੋਈ ਬੰਦਾ ਸੌਦਾ ਕਰਨ ਜਾਵੇ ਤਾਂ ਘਰ ਮੁੜਦਿਆਂ ਉਹਨੂੰ ਪੁੱਛੀਦਾ ਹੈ, 'ਦੱਸ, ਕੀ ਲੈ ਕੇ ਆਇਆਂ ?' ਪੰਜਾਬ ਵੀ ਸੁਖਬੀਰ ਬਾਦਲ ਨੂੰ ਏਹੀ ਪੁੱਛਦਾ ਹੈ। ਆਪਣੇ ਲਈ ਕੀ ਲੈ ਕੇ ਆਏ ਹੋ, ਇਹ ਕੁਰਸੀਆਂ ਵੰਡਣ ਵੇਲੇ ਪਤਾ ਲੱਗ ਜਾਊ। ਪੰਜਾਬ ਲਈ ਕੀ ਲੈ ਕੇ ਆਏ ਹੋ, ਉਹ ਦੱਸੋ। ਗੱਠਜੋੜ ਦਾ ਐਲਾਨ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਪੁਰਬ ਵਾਲੇ ਦਿਨ ਕੀਤਾ ਤੇ ਇਸ ਨੂੰ ਹਿੰਦੂ-ਸਿੱਖ ਏਕਤਾ ਦਾ ਨਾਂ ਦੇ ਦਿੱਤਾ। ਜਦ ਕਿ ਪੰਜਾਬ ਵਿੱਚ ਸਿੱਖ ਅਤੇ ਹਿੰਦੂ ਚਿਰਾਂ ਤੋਂ ਇੱਕ-ਦੂਜੇ ਦੇ ਦੁੱਖ-ਸੁੱਖ ਵਿੱਚ ਖੜ੍ਹਦੇ ਆਏ ਨੇ। ਇਸ ਸਾਂਝ ਲਈ ਉਨ੍ਹਾਂ ਨੂੰ ਸੁਖਬੀਰ ਬਾਦਲ ਤੇ ਅਮਿਤ ਸ਼ਾਹ ਦੀ ਸਾਂਝੀ ਸਟੇਜ ਦੀ ਲੋੜ ਨਹੀਂ ਹੈ। ਉਸੇ ਸਟੇਜ ਤੋਂ ਪੰਜਾਬ ਦੇ ਹੱਕ ਵਿੱਚ ਕੋਈ ਫ਼ੈਸਲਾ ਵੀ ਸੁਣਾ ਦਿੰਦੇ।



2012 ਵਿੱਚ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਖ਼ਿਲਾਫ਼ ਪੰਜਾਬ ਵਿੱਚ ਆਵਾਜ਼ ਉੱਠੀ ਸੀ। ਬਾਅਦ ਵਿੱਚ ਬਾਦਲ ਦਲ ਕਈ ਸਾਲ ਮੋਦੀ ਸਰਕਾਰ ਵਿੱਚ ਭਾਈਵਾਲ ਰਿਹਾ। ਓਦੋਂ ਸਜ਼ਾ ਘਟਾਉਣ ਤੇ ਰਿਹਾਈ ਲਈ ਕੇਂਦਰ ਕੋਲ ਕਦੋਂ ਅੜੇ ਤੇ ਕੀ ਮਨਵਾਇਆ ? ਭਾਜਪਾ ਨਾਲ ਯਾਰੀ ਟੁੱਟੀ ਤਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਡਰਾਮੇਬਾਜ਼ੀ ਕਰਦੇ ਰਹੇ ਤੇ ਹੁਣ ਯਾਰੀ ਮੁੜ ਪੈ ਗਈ ਹੈ। ਸੁਖਬੀਰ ਦੱਸਣ ਕਿ ਭਾਈ ਰਾਜੋਆਣਾ ਤੇ ਬਾਕੀ ਬੰਦੀ ਸਿੰਘਾਂ ਦੀ ਰਿਹਾਈ ਲਈ ਗੱਠਜੋੜ ਵਿੱਚ ਕੀ ਸ਼ਰਤ ਰੱਖੀ ? ਸਟੇਜ 'ਤੇ ਜੱਫੀਆਂ ਪੈ ਰਹੀਆਂ ਨੇ ਤੇ ਅਦਾਲਤ ਵਿੱਚ ਕੇਂਦਰ ਵਿਰੋਧ ਕਰ ਰਿਹਾ ਹੈ। ਬਰਗਾੜੀ ਤੇ ਬਹਿਬਲ ਕਲਾਂ ਦਾ ਇਨਸਾਫ਼ ਕਦੋਂ ਮਿਲੂ ? ਕੁੰਵਰ ਵਿਜੈ ਪ੍ਰਤਾਪ ਸਿੰਘ ਬਰਗਾੜੀ ਤੇ ਬਹਿਬਲ ਕਲਾਂ ਦੇ ਇਨਸਾਫ਼ ਦੀ ਗੱਲ ਲੈ ਕੇ 'ਆਪ' ਵਿੱਚ ਗਏ ਸਨ। ਉੱਥੇ ਗੱਲ ਸਿਰੇ ਨਾ ਲੱਗੀ, ਫਿਰ ਉਹ ਭਾਜਪਾ ਵੱਲ ਪਲਟ ਗਏ। ਭਾਜਪਾ ਨੇ ਉਸੇ ਬਾਦਲ ਦਲ ਨਾਲ ਹੱਥ ਮਿਲਾਇਆ ਹੈ ਜਿਸ ਦੇ ਰਾਜ ਵੇਲੇ ਇਹ ਸਭ ਵਾਪਰਿਆ ਸੀ। ਆਗੂਆਂ ਨੂੰ ਇੱਕ ਪਾਰਟੀ ਤੋਂ ਦੂਜੀ ਪਾਰਟੀ ਦਾ ਰਾਹ ਲੱਭ ਜਾਂਦਾ ਹੈ। ਗੋਲੀਕਾਂਡ ਵਿੱਚ ਜਿਨ੍ਹਾਂ ਦੇ ਘਰਾਂ ਦੇ ਜੀਅ ਗਏ, ਉਨ੍ਹਾਂ ਨੂੰ ਇਨਸਾਫ਼ ਕਦੋਂ ਮਿਲੂ ?

ਅਨੰਦਪੁਰ ਸਾਹਿਬ ਦਾ ਮਤਾ ਕਾਹਦੇ ਲਈ ਸੀ ? ਸੁਖਬੀਰ ਨੇ ਅਮਿਤ ਸ਼ਾਹ ਸਾਹਮਣੇ ਮਜ਼ਬੂਤ ਕੇਂਦਰ ਦੀ ਗੱਲ ਕੀਤੀ। ਇਸੇ ਅਕਾਲੀ ਦਲ ਨੇ ਸੂਬਿਆਂ ਨੂੰ ਵੱਧ ਹੱਕ ਦਿਵਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਦਾ ਮਤਾ ਅਪਣਾਇਆ ਸੀ। ਉਸ ਲਈ ਮੋਰਚੇ ਲੱਗੇ, ਲੋਕ ਜੇਲ੍ਹਾਂ ਗਏ ਤੇ ਜਾਨਾਂ ਗਈਆਂ। ਹੁਣ ਦਿੱਲੀ ਨੂੰ ਹੋਰ ਤਾਕਤ ਦੇਣ ਦੀ ਗੱਲ ਕਰਨ ਵਾਲੇ ਸੁਖਬੀਰ ਆਪਣੇ ਦਲ ਦੇ ਮਤੇ 'ਤੇ ਕਿੱਥੇ ਖੜ੍ਹੇ ਨੇ ? ਕੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੁੱਲ੍ਹਵਾਉਣ ਦੀ ਗੱਲ ਹੋਈ ? ਅਟਾਰੀ ਰਾਹੀਂ ਵਪਾਰ ਮੁੜ ਚਲਾਉਣ ਲਈ ਕੋਈ ਤਰੀਕ ਮਿਲੀ ? ਕਿਸਾਨੀ ਤੇ ਪੰਜਾਬ ਦੇ ਹੱਕਾਂ ਬਾਰੇ ਕੀ ਮਨਵਾਇਆ ? 'ਨਹੁੰ-ਮਾਸ ਦਾ ਰਿਸ਼ਤਾ' ਦੱਸਣ ਵਾਲੇ ਇਨ੍ਹਾਂ ਸਵਾਲਾਂ ਦਾ ਸਿੱਧਾ ਜਵਾਬ ਦੇਣ।

ਬਾਦਲਕਿਆਂ ਦੇ ਹਮਾਇਤੀ ਹਰ ਸਵਾਲ ਪੁੱਛਣ ਵਾਲੇ ਨੂੰ 'ਪੰਥ ਵਿਰੋਧੀ' ਆਖ ਦਿੰਦੇ ਨੇ। ਜਥੇਦਾਰ ਗੁਰਬਚਨ ਸਿੰਘ ਦੇ ਵੇਲੇ ਪ੍ਰਕਾਸ਼ ਸਿੰਘ ਬਾਦਲ ਨੂੰ 'ਫ਼ਖ਼ਰੇ ਕੌਮ' ਦਿੱਤਾ ਗਿਆ ਸੀ ਜੇ ਬਾਅਦ ਵਿੱਚ ਜਥੇਦਾਰ ਰਘਬੀਰ ਸਿੰਘ ਅਤੇ ਜਥੇਦਾਰ ਹਰਪ੍ਰੀਤ ਸਿੰਘ ਨੇ ਖੋਹਿਆ। ਸੁਖਬੀਰ ਬਾਦਲ ਦੇ ਹਮਾਇਤੀ ਹੁਣ ਕਿਤੇ ਕੱਲ੍ਹ ਨੂੰ ਸੁਖਬੀਰ ਲਈ ਵੀ ਅਜਿਹਾ ਸਨਮਾਨ ਮੰਗਣ ਨਾ ਤੁਰ ਪੈਣ। ਸੁਖਬੀਰ ਦੀ ਮੁੱਖ ਮੰਤਰੀ ਦੀ ਕੁਰਸੀ ਤੇ ਹਰਸਿਮਰਤ ਦੀ ਕੇਂਦਰੀ ਵਜ਼ਾਰਤ ਦੀ ਚਰਚਾ ਪੰਜਾਬ ਨੇ ਸੁਣ ਲਈ। ਹੁਣ ਗੱਠਜੋੜ ਦੀਆਂ ਸ਼ਰਤਾਂ ਲੋਕਾਂ ਅੱਗੇ ਰੱਖ ਦਿਓ। ਪੰਜਾਬ ਆਪਣਾ ਨਾਂ ਆਪ ਲੱਭ ਲਊਗਾ, ਜੇ ਕਿਤੇ ਲਿਖਿਆ ਹੋਇਆ ਤਾਂ।

ਗੱਠਜੋੜ ਨਾਲ ਭਾਜਪਾ ਨੂੰ ਫ਼ਾਇਦਾ ਦੇ ਕੇ ਸੁਖਬੀਰ ਨੇ ਆਪਣੇ ਪੈਰੀਂ ਕੁਹਾੜਾ ਮਾਰਿਆ ਹੈ। ਬਾਦਲ ਦਲ ਤੇ ਭਾਜਪਾ ਦੀ ਮੁੜ ਪਈ ਯਾਰੀ ਦਾ ਵੱਧ ਫ਼ਾਇਦਾ ਭਾਜਪਾ ਨੂੰ ਹੋ ਸਕਦਾ ਹੈ। ਪੰਜਾਬ ਵਿੱਚ ਭਾਜਪਾ ਦੀ ਇਕੱਲਿਆਂ ਸਰਕਾਰ ਬਣਦੀ ਨਾ ਵੇਖ ਕੇ ਕਈ ਸ਼ਹਿਰੀ ਹਿੰਦੂ ਵੋਟਰ ਪਹਿਲਾਂ ਕਾਂਗਰਸ ਜਾਂ 'ਆਪ' ਨੂੰ ਵੋਟ ਪਾਉਂਦੇ ਰਹੇ। ਹੁਣ ਉਨ੍ਹਾਂ ਵਿੱਚੋਂ ਕਈ ਭਾਜਪਾ ਵੱਲ ਜਾ ਸਕਦੇ ਨੇ। ਜਿੱਥੇ ਭਾਜਪਾ ਦਾ ਉਮੀਦਵਾਰ ਖੜ੍ਹਾ ਹੋਵੇਗਾ, ਉੱਥੇ ਬਾਦਲ ਦਲ ਦੇ ਕੁਝ ਸ਼ਹਿਰੀ ਸਿੱਖ ਵੋਟਰਾਂ ਦੀ ਵੋਟ ਵੀ ਉਸ ਨੂੰ ਮਿਲ ਸਕਦੀ ਹੈ। ਉੱਧਰ ਪਿੰਡਾਂ ਵਿੱਚ ਬਾਦਲ ਦਲ ਨਾਲ ਨਾਰਾਜ਼ਗੀ ਹੈ। ਪੇਂਡੂ ਤੇ ਸਿੱਖ ਵੋਟ ਬਾਦਲ ਦਲ, ਕਾਂਗਰਸ, 'ਆਪ' ਤੇ ਵਾਰਿਸ ਪੰਜਾਬ ਦੇ ਧਿਰਾਂ ਵਿੱਚ ਵੰਡੀ ਜਾ ਸਕਦੀ ਹੈ। ਇਸ ਨਾਲ ਕਈ ਹਲਕਿਆਂ ਵਿੱਚ ਜਿੱਤ-ਹਾਰ ਦਾ ਫ਼ਰਕ ਥੋੜ੍ਹਾ ਰਹਿ ਸਕਦਾ ਹੈ। ਜੇ ਭਾਜਪਾ ਨੂੰ ਲੜਨ ਲਈ ਤਕਰੀਬਨ 40 ਅਜਿਹੀਆਂ ਸੀਟਾਂ ਮਿਲ ਗਈਆਂ ਜਿੱਥੇ ਸ਼ਹਿਰੀ ਵੋਟ ਵੱਧ ਹੈ, ਤਾਂ ਉਹ ਬਾਦਲ ਦਲ ਨਾਲੋਂ ਵੱਧ ਸੀਟਾਂ ਵੀ ਜਿੱਤ ਸਕਦੀ ਹੈ।

ਅਮਿਤ ਸ਼ਾਹ ਕਹਿੰਦੇ ਨੇ, 'ਮੁੱਖ ਮੰਤਰੀ ਵੱਡੇ ਭਰਾ ਦਾ ਹੋਵੇਗਾ।' ਸੁਖਬੀਰ ਇਹ ਦੱਸਣ ਕਿ ਵੱਡਾ ਭਰਾ ਕੌਣ ਹੈ ? ਜੇ ਭਾਜਪਾ ਦੇ ਵੱਧ ਵਿਧਾਇਕ ਜਿੱਤ ਗਏ ਤਾਂ ਕੀ ਉਹ ਮੁੱਖ ਮੰਤਰੀ ਦੀ ਕੁਰਸੀ ਬਾਦਲ ਦਲ ਨੂੰ ਦੇਵੇਗੀ ? ਵੋਟਾਂ ਨੇੜੇ ਆਉਣ 'ਤੇ ਗੱਲ ਹੋਰ ਸਾਫ਼ ਹੋਊ। ਪਰ ਦੂਜੇ ਸੂਬਿਆਂ ਵਿੱਚ ਭਾਜਪਾ ਦੀ ਚਾਲ ਵੇਖ ਕੇ ਲੱਗਦਾ ਹੈ ਕਿ ਇਸ ਯਾਰੀ ਵਿੱਚ ਬਾਦਲ ਦਲ ਆਪਣੀ ਬਚੀ-ਖੁਚੀ ਸਿਆਸੀ ਜ਼ਮੀਨ ਵੀ ਗੁਆ ਸਕਦਾ ਹੈ।

ਸਰਾਂ ਪਰਿਵਾਰ ਵੱਲੋਂ ਪਰਿਵਾਰਕ ਮੈਂਬਰਾਂ ਦੀ ਯਾਦ ਵਿੱਚ ਕਰਵਾਇਆ ਇਨਾਮ ਵੰਡ ਸਮਾਗਮ

ਵਰਲਡ ਪੰਜਾਬੀ ਟਾਈਮਜ਼ ਦਿਨੂ ਕੁਮਾਰ

ਕੋਟਕਪੂਰਾ, 28 ਨਵੰਬਰ : ਅੱਜ ਸਰਾਂ ਪਰਿਵਾਰ ਵੱਲੋਂ ਮਾਸਟਰ ਗੁਰਦੀਪ ਸਿੰਘ, ਮਾਤਾ ਭਗਵਾਨ ਕੌਰ ਅਤੇ ਰਤਿੰਦਰਪਾਲ ਸਿੰਘ ਬੰਟੀ ਸਰਾਂ ਦੀ ਯਾਦ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਾਂਦਰ ਜਟਾਣਾ 18ਵਾਂ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਸਮਾਰੋਹ ਵਿੱਚ ਕੋਟਕਪੂਰਾ ਵਿਸ਼ਵਾਸ਼ ਲਾਇਨਜ ਕਲੱਬ ਅਤੇ ਹੀਰੇ ਵੈਲਫੇਅਰ ਕਲੱਬ ਕੋਟਕਪੂਰਾ ਦਾ ਵਿਸ਼ੇਸ਼ ਸਹਿਯੋਗ ਸੀ। ਛੇਵੀਂ ਤੋਂ ਬਾਰਵੀਂ ਕਲਾਸ ਤੱਕ ਪਹਿਲੀਆਂ ਤਿੰਨ ਪੁਜੀਸ਼ਨਾਂ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਅਤੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਵੱਖ ਵੱਖ ਬੁਲਾਰਿਆ ਜਿਨਾਂ ਵਿਚ ਐਮ ਜੇ ਐਫ ਲਾਇਨ ਗੁਰਦੀਪ ਸਿੰਘ, ਲਾਇਨ ਕੁਲਵੰਤ ਸਿੰਘ ਸਰਾਂ, ਚੈਅਰਮੈਨ ਦਲਜਿੰਦਰ ਸਿੰਘ ਸੰਧੂ, ਲਾਇਨ ਰਾਜਿੰਦਰ ਸਿੰਘ



ਸਰਾਂ ਰਿਟਾਇਰਡ ਤਹਿਸੀਲਦਾਰ ਸ਼ਾਮਲ ਸਨ ਨੇ ਵਿਦਿਆਰਥੀਆ ਚੰਗੇ ਭਵਿੱਖ, ਨਸ਼ਿਆਂ ਤੋਂ ਬਚਣ, ਅਧਿਆਪਕਾਂ ਅਤੇ ਮਾਪਿਆਂ ਦਾ ਸਤਿਕਾਰ ਕਰਨ, ਕੰਪੀਟੀਸ਼ਨ ਦੀ ਭਾਵਨਾ ਪੈਦਾ ਕਰਨ ਦੀ ਤਾਕੀਦ ਕੀਤੀ ਗਈ। ਸਕੂਲ ਵੱਲੋ ਖੇਡਾਂ ਦੇ ਖੇਤਰ ਵਿੱਚ ਨੈਸ਼ਨਲ ਪੱਧਰ ਦੇ ਖਿਡਾਰੀ ਉਭਾਰਨ ਵਿੱਚ ਭਰਪੂਰ ਪ੍ਰਸ਼ੰਸਾ ਕੀਤੀ ਗਈ। ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਲਾਇਨਜ ਕਲੱਬ ਦੇ ਪ੍ਰਧਾਨ ਲਾਇਨ ਕੁਲਵੰਤ ਸਿੰਘ ਸਰਾਂ, ਸਕੱਤਰ ਵਿਕਰਾਂਤ ਧੀਗੜਾ, ਖਜਾਨਚੀ ਜਗਸੀਰ ਸਿੰਘ ਸਰਪੰਚ, ਹੀਰੇ ਵੈਲਫੇਅਰ ਕਲੱਬ ਦੇ ਚੇਅਰਮੈਨ ਦਲਜਿੰਦਰ ਸਿੰਘ ਸੰਧੂ, ਵਾਈਸ ਚੇਅਰਮੈਨ ਗੁਰਦੀਪ ਸਿੰਘ ਮੈਨੇਜਰ, ਸਾਂਈ ਮੰਦਰ ਦੇ ਪ੍ਰਬੰਧਕ ਸਤਪਾਲ ਸ਼ਰਮਾ, ਪਰਵਾਰਿਕ ਮੈਂਬਰ ਵਿਸਾਖਾ ਸਿੰਘ ਸਰਾਂ, ਰਾਜਿੰਦਰ ਸਿੰਘ ਸਰਾਂ, ਬਰਜਿੰਦਰ ਸਿੰਘ ਸਰਾਂ, ਲਖਵਿੰਦਰ ਸਿੰਘ ਸਰਾਂ, ਸਰਪੰਚ ਕੌਰ ਸਿੰਘ, ਲਛਮਣ ਸਿੰਘ, ਸਾਬਕਾ ਸਰਪੰਚ ਗੁਰਪ੍ਰੀਤ ਸਿੰਘ ਜਟਾਣਾ, ਮਾਸਟਰ ਪਰਮਿੰਦਰ ਸਿੰਘ, ਗੁਰਨੇਕ ਸਿੰਘ, ਜਗਜੀਤ ਸਿੰਘ, ਬਲਰਾਜ ਸਿੰਘ, ਬਰਜਿੰਦਰ ਸਿੰਘ ਇੰਸਪੈਕਟਰ, ਸਕੂਲ ਮੁਖੀ ਕਰਮਜੀਤ ਸਿੰਘ, ਸਕੂਲ ਸਟਾਫ ਵੀ ਹਾਜ਼ਰ ਸੀ।

ਸਪੀਕਰ ਸੰਧਵਾ ਨੇ ਬਲਾਕ ਕੋਟਕਪੂਰਾ ਦੇ ਵੱਖ ਵੱਖ ਪਿੰਡਾਂ ਵਿਚ ਹੈਲਥ ਐਂਡ ਵੈਲਨੈਸ ਸੈਂਟਰ ਕੀਤੇ ਲੋਕ ਅਰਪਣ

ਵਰਲਡ ਪੰਜਾਬੀ ਟਾਈਮਜ਼ ਦਿਨੂ ਕੁਮਾਰ



ਕੋਟਕਪੂਰਾ, 28 ਨਵੰਬਰ : ਪੇਂਡੂ ਖੇਤਰਾਂ ਵਿੱਚ ਲੋਕਾਂ ਦੀਆਂ ਸਿਹਤ ਸਹੂਲਤਾਂ ਨੂੰ ਧਿਆਨ ਵਿਚ ਰੱਖਦੇ ਹੋਏ ਲਗਾਤਾਰ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਇਸੇ ਤਹਿਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪਿੰਡ ਕੰਮੇਆਣਾ ਅਤੇ ਪਿੰਡ ਢੀਮਾਂ ਵਾਲੀ ਬਲਾਕ ਕੋਟਕਪੂਰਾ ਵਿਖੇ ਹੈਲਥ ਐਂਡ ਵੈਲਨੈਸ ਸੈਂਟਰ ਦਾ ਉਦਘਾਟਨ ਕਰਕੇ ਲੋਕ ਅਰਪਣ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿਚ ਹੈਲਥ ਐਂਡ ਵੈਲਨੈਸ ਸੈਂਟਰ ਖੋਲ ਕੇ ਬਹੁਤ ਵਧੀਆ ਉਪਰਾਲਾ ਕੀਤਾ ਗਿਆ ਹੈ।

ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਲੋਕਾਂ ਦੀ ਸਿਹਤ ਸਹੂਲਤ ਨੂੰ ਬਰਕਰਾਰ ਰੱਖਣ ਲਈ ਫਿਕਰਮੰਦ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਸੈਂਟਰਾਂ ਵਿੱਚ ਲੋਕਾਂ ਦੀ ਸੁਵਿਧਾ ਲਈ ਡਾਕਟਰਾਂ ਦੀ ਟੀਮ ਮੌਜੂਦ ਹੋਵੇਗੀ ਅਤੇ ਇਥੇ ਲੋਕਾਂ ਨੂੰ ਫਸਟ ਏਡ ਤੋਂ ਲੈ ਕੇ ਹੋਰ ਵੀ ਕਈ ਤਰ੍ਹਾਂ ਦੀਆਂ ਦਵਾਈਆਂ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਇਨ੍ਹਾਂ ਸੈਂਟਰਾਂ ਦਾ ਲਾਭ ਲੈਣਾ ਚਾਹੀਦਾ ਹੈ। ਜੇ ਲੋਕ ਸ਼ਹਿਰਾਂ ਵਿਚ ਜਾਣੇ ਅਸੌਮਰਥ ਹਨ, ਉਨ੍ਹਾਂ ਲਈ ਇਹ ਸੈਂਟਰ ਵਰਦਾਨ ਸਾਬਿਤ ਹੋਣਗੇ। ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਸਮੂਹ ਇਕੱਠ ਦੇ ਸਾਹਮਣੇ 108 ਨੰਬਰ ਤੇ ਜੋ ਮੈਡੀਕਲ ਸਹੂਲਤ ਲਈ ਵੈਨ ਸੁਵਿਧਾ ਉਪਲਬੱਧ ਕੀਤੀ ਗਈ ਹੈ, ਉਸ ਨੰਬਰ ਤੇ ਕਾਲ ਕਰਕੇ, ਚੈਕ ਵੀ ਕੀਤਾ ਗਿਆ ਅਤੇ ਪਿੰਡ ਵਾਸੀਆਂ ਨੂੰ ਕਿਹਾ ਕਿ ਇਸ ਨੰਬਰ ਤੇ ਕਿਸੇ ਵੀ ਸਮੇਂ ਕਾਲ ਕਰਕੇ ਐਮਰਜੈਂਸੀ ਸੁਵਿਧਾ ਹਾਸਿਲ ਕੀਤੀ ਜਾ ਸਕਦੀ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜਰ ਸਨ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਸਿਵਲ ਡਿਫੈਂਸ ਏਅਰ ਸਟ੍ਰਾਈਕ/ਬਲੈਕਆਊਟ ਮੌਕ ਐਕਸਰਸਾਈਜ਼ ਦੌਰਾਨ ਬਚਾਏ ਗਏ ਵਿਅਕਤੀ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ, 28 ਨਵੰਬਰ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ ਏ ਯੂ) ਵਿਖੇ ਸ਼ੁੱਕਰਵਾਰ ਸ਼ਾਮ 8:00 ਵਜੇ ਤੋਂ 8:15 ਵਜੇ ਤੱਕ ਸਿਵਲ ਡਿਫੈਂਸ ਏਅਰ ਸਟ੍ਰਾਈਕ ਅਤੇ ਬਲੈਕਆਊਟ ਮੌਕ ਐਕਸਰਸਾਈਜ਼ ਸਫਲਤਾਪੂਰਵਕ ਕੀਤੀ ਗਈ।

ਇਸ ਡ੍ਰਿਲ ਦਾ ਉਦੇਸ਼ ਐਮਰਜੈਂਸੀ ਤਿਆਰੀ, ਪ੍ਰਤੀਕਿਰਿਆ ਤਾਲਮੇਲ ਅਤੇ ਨਕਲੀ ਹਵਾਈ ਹਮਲੇ ਦੀ ਘਟਨਾ ਦੀ ਸਥਿਤੀ ਵਿੱਚ ਜਨਤਕ ਸੁਰੱਖਿਆ ਉਪਾਵਾਂ ਦਾ ਮੁਲਾਂਕਣ ਕਰਨਾ ਸੀ।





ਡ੍ਰਿਲ ਦੌਰਾਨ, ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ ਟੀਮਾਂ, ਐਨ ਡੀ ਆਰ ਐਫ ਅਤੇ ਸਬੰਧਤ ਐਮਰਜੈਂਸੀ ਰਿਸਪਾਂਡਰਾਂ ਦੁਆਰਾ ਕਈ ਵਿਅਕਤੀਆਂ ਨੂੰ ਸੁਰੱਖਿਅਤ ਢੰਗ ਨਾਲ ਬਚਾਇਆ ਗਿਆ। ਇਸ ਓਪਰੇਸ਼ਨ ਨੇ ਬਚਾਅ ਟੀਮਾਂ, ਮੈਡੀਕਲ ਸਟਾਫ ਅਤੇ ਸੁਰੱਖਿਆ ਕਰਮਚਾਰੀਆਂ ਸਮੇਤ ਵੱਖ-ਵੱਖ ਪ੍ਰਤੀਕਿਰਿਆ ਇਕਾਈਆਂ ਵਿਚਕਾਰ ਤੇਜ਼ ਕਾਰਵਾਈ, ਪ੍ਰਭਾਵਸ਼ਾਲੀ ਸੰਚਾਰ ਅਤੇ ਤਾਲਮੇਲ ਵਾਲੇ ਯਤਨਾਂ ਦਾ ਪ੍ਰਦਰਸ਼ਨ ਕੀਤਾ।

ਮੌਕ ਐਕਸਰਸਾਈਜ਼ ਇੱਕ ਹਵਾਈ ਹਮਲੇ ਦੀ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਈ, ਜੋ ਸਾਇਰਨ ਰਾਹੀਂ ਫੈਲੀ। ਯਥਾਰਥਵਾਦ ਅਤੇ ਤਿਆਰੀ ਨੂੰ ਯਕੀਨੀ ਬਣਾਉਣ ਲਈ ਪ੍ਰੋਟੋਕੋਲ ਦੀ ਸਖਤੀ ਨਾਲ ਪਾਲਣਾ ਕਰਦੇ ਹੋਏ, ਨਿਰਧਾਰਤ ਖੇਤਰ ਵਿੱਚ ਬਲੈਕਆਊਟ ਸਿਮੂਲੇਸ਼ਨ ਲਾਗੂ ਕੀਤਾ ਗਿਆ। ਸਿਵਲ ਡਿਫੈਂਸ ਵਲੰਟੀਅਰਾਂ, ਐਨ ਡੀ ਆਰ ਐਫ, ਫਾਇਰ ਬ੍ਰਿਗੇਡ, ਸਿਹਤ, ਹੋਮ ਗਾਰਡ, ਐਨ ਸੀ ਸੀ ਅਤੇ ਹੋਰਾਂ ਨੇ ਸਟੈਂਡਰਡ ਓਪਰੇਟਿੰਗ ਪ੍ਰਕਿਰਿਆਵਾਂ ਦੀ ਪਾਲਣਾ ਕਰਦੇ ਹੋਏ, ਡ੍ਰਿਲ ਵਿੱਚ ਸਰਗਰਮੀ ਨਾਲ ਹਿੱਸਾ ਲਿਆ।

ਐਸਡੀਐਮ ਲੁਧਿਆਣਾ (ਪੱਛਮੀ) ਰਿਸ਼ਭ ਬਾਂਸਲ ਨੇ ਮੌਕ ਡ੍ਰਿਲ ਦੇ ਨਤੀਜਿਆਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ, ਅਸਲ ਐਮਰਜੈਂਸੀ ਦੌਰਾਨ ਤਿਆਰੀ ਵਧਾਉਣ ਅਤੇ ਜੋਖਮਾਂ ਨੂੰ ਘੱਟ ਕਰਨ ਵਿੱਚ ਅਜਿਹੇ ਅਭਿਆਸਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ।

ਇਸ ਮੌਕੇ 'ਤੇ ਮੌਜੂਦ ਪ੍ਰਮੁੱਖ ਵਿਅਕਤੀਆਂ ਵਿੱਚ ਪੰਜਾਬ ਹੋਮ ਗਾਰਡਜ਼ ਅਤੇ ਸਿਵਲ ਡਿਫੈਂਸ ਸਟੇਰ ਸੁਪਰਡੈਂਟ ਗੁਰਪ੍ਰੀਤ ਸਿੰਘ ਤੋਂ ਇਲਾਵਾ ਕਈ ਹੋਰ ਸ਼ਾਮਲ ਸਨ।

ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਡਾ.ਹਰੀ ਸਿੰਘ ਸੇਵਕ ਸਕੂਲ ਆਫ ਐਮੀਨੈਂਸ ਵਿਖੇ ਮੋਕ ਡਰਿੱਲ ਦਾ ਆਯੋਜਨ

ਸਿਵਲ ਡਿਫੈਂਸ, ਏਅਰ ਸਟਰਾਈਕ/ਬਲੈਕ ਆਊਟ ਮੌਕ ਐਕਸਰਸਾਈਜ਼ ਦੌਰਾਨ ਕੀਮਤੀ ਜਾਨਾਂ ਬਚਾਉਣ ਦਾ ਹੋਇਆ ਸਫ਼ਲ ਅਭਿਆਸ

ਵਰਲਡ ਪੰਜਾਬੀ ਟਾਈਮਜ਼ ਦਿਨੂ ਕੁਮਾਰ

ਕੋਟਕਪੂਰਾ, 28 ਨਵੰਬਰ : ਭਾਰਤੀ ਗ੍ਰਹਿ ਤੇ ਰੱਖਿਆ ਮੰਤਰਾਲੇ, ਡਾਇਰੈਕਟਰ ਪੰਜਾਬ ਹੋਮ ਗਾਰਡਸ ਅਤੇ ਜ਼ਿਲ੍ਹਾ ਕਮਾਂਡਰ ਕਮ-ਡਿਪਟੀ-ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਡਾ.ਹਰੀ ਸਿੰਘ ਸੇਵਕ ਸਕੂਲ ਆਫ ਐਮੀਨੈਂਸ ਕੋਟਕਪੂਰਾ ਵਿਖੇ ਬੀਤੇ ਸ਼ਾਮ ਸ਼ੁੱਕਰਵਾਰ 6.00 ਵਜੇ ਤੋਂ 7.30 ਵਜੇ